# Parliamentary Delegation from Mongolia calls on the President

December 01, 2021

---

## ਮੰਗੋਲੀਆਈ ਸੰਸਦੀ ਵਫ਼ਦ ਨੇ ਕੀਤੀ ਰਾਸ਼ਟਰਪਤੀ ਨਾਲ ਮੁਲਾਕਾਤ
## 1 ਦਸੰਬਰ, 2021

ਮੰਗੋਲੀਆ ਦੀ ਸਟੇਟ ਗ੍ਰੇਟ ਹੁਰਾਲ ਦੇ ਚੇਅਰਮੈਨ ਮਹਾਮਹਿਮ ਸ਼੍ਰੀ ਗੋਂਬੋਜਾਵ ਜ਼ੰਦਨਸ਼ਾਤਰ ਦੀ ਅਗਵਾਈ ਹੇਠ ਇਕ ਮੰਗੋਲੀਆਈ ਸੰਸਦੀ ਵਫ਼ਦ ਨੇ ਅੱਜ (1 ਦਸੰਬਰ, 2021) ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ ਸ਼੍ਰੀ ਰਾਮ ਨਾਥ ਕੋਵਿੰਦ ਨਾਲ ਮੁਲਾਕਾਤ ਕੀਤੀ।

ਭਾਰਤ ਆਏ ਹੋਏ ਵਫ਼ਦ ਦਾ ਸੁਆਗਤ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਤੇ ਮੰਗੋਲੀਆ ਦੇ ਸੱਭਿਅਕ, ਇਤਿਹਾਸਕ, ਅਧਿਆਤਮਕ ਅਤੇ ਸੱਭਿਆਚਾਰਕ ਸਬੰਧ  ਹਨ। ਲੋਕਤੰਤਰ ਅਤੇ ਆਜ਼ਾਦੀ ਦੀਆਂ ਸਾਂਝੀਆਂ ਕਦਰਾਂ ਕੀਮਤਾਂ ਅਤੇ ਆਦਰਸ਼ ਸਾਡੇ ਬੰਧਨ ਨੂੰ ਹੋਰ ਮਜ਼ਬੂਤ ਬਣਾਉਂਦੇ ਹਨ। ਮੰਗੋਲੀਆ ਦੇ 'ਤੀਜੇ ਗੁਆਂਢੀ' ਅਤੇ 'ਆਤਮਿਕ ਗੁਆਂਢੀ' ਹੋਣ ਵਜੋਂ ਭਾਰਤ ਨੂੰ ਮੰਗੋਲੀਆ ਨਾਲ ਆਪਣੀ ਰਣਨੀਤਕ ਭਾਈਵਾਲੀ ਹੋਰ ਡੂੰਘਾ ਕਰਨ ਲਈ ਲਗਾਤਰ ਸਹਿਯੋਗ ਕਰਨ ਦੀ ਆਸ ਹੈ। ਉਨ੍ਹਾਂ ਨੇ ਭਰੋਸਾ ਪ੍ਰਗਟਾਇਆ ਕਿ ਇਸ ਦੌਰੇ ਨਾਲ ਸਾਡੇ ਦੁਵੱਲੇ ਸਬੰਧਾਂ ਹੋਰ ਗੂੜ੍ਹੇ ਹੋਣਗੇ।

ਰਾਸ਼ਟਰਪਤੀ ਨੇ ਕਿਹਾ ਕਿ ਬੁੱਧ ਧਰਮ ਭਾਰਤ ਅਤੇ ਮੰਗੋਲੀਆ ਵਿਚਕਾਰ ਦਾ ਵਿਸ਼ੇਸ਼ ਸੰਪਰਕ ਬਿੰਦੂ ਹੈ। ਉਨ੍ਹਾਂ ਨੇ ਕਿਹਾ ਕਿ ਭਾਰਤ ਦੇ ਰਾਸ਼ਟਰੀ ਖਰੜਾ ਮਿਸ਼ਨ ਅਧੀਨ ਮੰਗੋਲੀਆਈ ਕੰਜੂਰ ਹੱਥ-ਲਿਖਤਾਂ ਦੀ ਛਪਾਈ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਭਾਰਤ ਗੰਡਨ ਮੱਠ ਵਿਖੇ ਬੋਧੀ ਹੱਥ-ਲਿਖਤਾਂ ਦੇ ਡਿਜੀਟਾਈਜ਼ੇਸ਼ਨ ਲਈ ਮਦਦ ਦੇ ਰਿਹਾ ਹੈ।

ਜਲਵਾਯੂ ਪਰਿਵਰਤਨ ਦੇ ਆਲਮੀ ਮੁੱਦੇ ਬਾਰੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਜਲਵਾਯੂ ਪਰਿਵਰਤਨ ਦਾ ਪ੍ਰਭਾਵ ਸਾਡੇ ਵਰਗੇ ਵਿਕਾਸਸ਼ੀਲ ਦੇਸ਼ਾਂ 'ਤੇ ਵਿਸ਼ੇਸ਼ ਤੌਰ 'ਤੇ ਵਧੇਰੇ ਹੋਵੇਗਾ। ਇਹ ਗੱਲ ਜ਼ਰੂਰੀ ਹੈ ਕਿ ਅਸੀਂ ਇਸ ਸਾਂਝੀ ਚੁਣੌਤੀ ਨਾਲ ਨਜਿੱਠਣ ਲਈ ਮਿਲ ਕੇ ਕੰਮ ਕਰੀਏ। ਉਨ੍ਹਾਂ ਨੇ ਖੁਸ਼ੀ ਪ੍ਰਗਟਾਈ ਕਿ ਮੰਗੋਲੀਆ ਨੇ ਅੰਤਰਰਾਸ਼ਟਰੀ ਸੋਲਰ ਅਲਾਇੰਸ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ।

ਮੰਗੋਲੀਆ ਵਿੱਚ ਭਾਰਤ ਦੁਆਰਾ ਸ਼ੁਰੂ ਕੀਤੇ ਗਏ ਵਿਕਾਸ ਪ੍ਰੋਜੈਕਟਾਂ ਬਾਰੇ ਬੋਲਦੇ ਹੋਏ ਰਾਸ਼ਟਰਪਤੀ ਨੇ ਮੰਗੋਲੀਆ ਵਿੱਚ ਤੇਲ ਰਿਫਾਇਨਰੀ ਪ੍ਰੋਜੈਕਟ ਦੀ ਪ੍ਰਗਤੀ 'ਤੇ ਖੁਸ਼ੀ ਪ੍ਰਗਟਾਈ। ਉਨ੍ਹਾਂ ਨੇ ਕਿਹਾ ਕਿ ਇਹ ਪ੍ਰੋਜੈਕਟ ਭਾਰਤ-ਮੰਗੋਲੀਆ ਦਰਮਿਆਨ ਮਜ਼ਬੂਤ ਸਹਿਯੋਗ ਅਤੇ ਰਣਨੀਤਕ ਭਾਈਵਾਲੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਭਾਰਤ ਇਸ ਨੂੰ ਸਮੇਂ ਸਿਰ ਪੂਰਾ ਕਰਨ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਕਿਉਂਕਿ ਇਸ ਨਾਲ ਮੰਗੋਲੀਆ ਦੀ ਊਰਜਾ ਸੁਰੱਖਿਆ ਬਹੁਤ ਜ਼ਿਆਦਾ ਵੱਧ ਜਾਵੇਗੀ।

ਕੋਵਿਡ-19 ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਮਾਮਲੇ 'ਚ ਭਾਰਤ ਅਤੇ ਮੰਗੋਲੀਆ ਦਰਮਿਆਨ ਸਹਿਯੋਗ ਵੱਲ ਇਸ਼ਾਰਾ ਕਰਦੇ ਹੋਏ ਰਾਸ਼ਟਰਪਤੀ ਨੇ ਕਿਹਾ ਕਿ ਅਸੀਂ ਮੰਗੋਲੀਆ ਸਰਕਾਰ ਦੁਆਰਾ ਦੂਜੀ ਲਹਿਰ ਵਿੱਚ ਸਾਨੂੰ

ਸਮੇਂ ਸਿਰ ਦਿੱਤੀ ਗਈ ਵੱਡਮੁਲੀ ਮਦਦ ਦੀ ਸ਼ਲਾਘਾ ਕਰਦੇ ਹਾਂ। ਉਨ੍ਹਾਂ ਨੇ ਇਸ ਗੱਲ 'ਤੇ ਵੀ ਖੁਸ਼ੀ ਜ਼ਾਹਰ ਕੀਤੀ ਕਿ ਭਾਰਤ ਟੀਕਿਆਂ ਅਤੇ ਦਵਾਈਆਂ ਦੀ ਸਪਲਾਈ ਰਾਹੀਂ ਮੰਗੋਲੀਆ ਦੀ ਮਦਦ ਕਰ ਸਕਦਾ ਹੈ।

ਨਵੀਂ ਦਿੱਲੀ
1 ਦਸੰਬਰ, 2021

DISCLAIMER: This is an approximate translation. The original is available in English on MEA's website and may be referred to as the official press release.